ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਔਜਲਾ ਨੇ ਜਹਾਂਗੀਰ ਪਹੁੰਚ ਕੇ ਝੋਨੇ ਦੀ ਸਿੱਧੀ ਬਿਜਾਈ ਕਰਵਾਈ

ਕਿਸਾਨ ਥੋੜੇ-ਥੋੜੇ ਰਕਬੇ ਵਿਚ ਸਿੱਧੀ ਬਿਜਾਈ ਦਾ ਤਜ਼ਰਬਾ ਜ਼ਰੂਰ ਕਰਨ-ਔਜਲਾ

ਡਾ. ਦਲੇਰ ਸਿੰਘ ਨੇ ਕਿਸਾਨਾਂ ਝੋਨੇ ਦੇ ਨਾਲ-ਨਾਲ ਪਾਣੀ ਦੀ ਬਚਤ ਲਈ ਪ੍ਰੇਰਿਆ

ਅੰਮ੍ਰਿਤਸਰ, 24 ਮਈ ( )-ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਪਿੰਡ ਜਹਾਂਗੀਰ ਵਿਚ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਬਾਰੇ ਜਾਣਕਾਰੀ ਦੇਣ ਲਈ ਲਗਾਏ ਗਏ ਕੈਂਪ ਵਿਚ ਵਿਸ਼ੇਸ਼ ਤੌਰ ਉਤੇ ਪੁੱਜੇ ਲੋਕ ਸਭਾ ਮੈਂਬਰ ਸ. ਗੁਰਜੀਤ ਸਿੰਘ ਔਜਲਾ ਨੇ ਪਾਣੀ ਦੀ ਬਚਤ ਲਈ ਵੱਡੇ ਕਿਸਾਨਾਂ ਨੂੰ ਅਜਿਹੇ ਤਜ਼ਰਬੇ ਕਰਨ ਲਈ ਪ੍ਰੇਰਦੇ ਕਿਹਾ ਕਿ ਤੁਹਾਡੇ ਵੱਲੋਂ ਥੋੜੇ-ਥੋੜੇ ਰਕਬੇ ਉਤੇ ਕੀਤਾ ਗਿਆ ਤਜ਼ਰਬਾ ਆਉਣ ਵਾਲੀਆਂ ਪੀੜੀਆਂ ਲਈ ਮਾਰਗ ਦਰਸ਼ਕ ਬਣ ਸਕਦਾ ਹੈ। ਉਨਾਂ ਕਿਹਾ ਕਿ ਡਾ. ਦਲੇਰ ਸਿੰਘ, ਜੋ ਕਿ ਸੇਵਾ ਮੁਕਤ ਖੇਤੀਬਾੜੀ ਅਧਿਕਾਰੀ ਹਨ, ਨੇ ਇਸ ਮੁੱਦੇ ਉਤੇ ਲੰਮਾ ਸਮਾਂ ਕੰਮ ਕੀਤਾ ਹੈ ਅਤੇ ਉਨਾਂ ਦੀ ਖੋਜ ਸਿੱਧ ਕਰਦੀ ਹੈ ਕਿ ਜੇਕਰ ਵੱਟਾਂ ਉਤੇ ਝੋਨੇ ਦੀ ਬਿਜਾਈ ਕੀਤੀ ਜਾਵੇ ਤਾਂ ਝਾੜ ਵੀ ਨਹੀਂ ਘਟਦਾ ਤੇ ਪਾਣੀ ਦੀ ਬਚਤ ਵੀ 41 ਫੀਸਦੀ ਤੱਕ ਹੁੰਦੀ ਹੈ। ਸ. ਔਜਲਾ ਨੇ ਕਿਹਾ ਕਿ ਕਣਕ-ਝੋਨੇ ਦਾ ਫਸਲੀ ਚੱਕਰ ਕੇਵਲ ਕਿਸਾਨ ਦੀ ਲੋੜ ਨਹੀਂ, ਬਲਕਿ ਸਾਡੇ ਦੇਸ਼ ਦੇ ਅਨਾਜ ਭੰਡਾਰ ਭਰਨ ਲਈ ਵੀ ਜ਼ਰੂਰੀ ਹੈ, ਪਰ ਸਾਨੂੰ ਇਹ ਕੋਸ਼ਿਸ਼ ਜ਼ਰੂਰ ਕਰਨੀ ਚਾਹੀਦੀ ਹੈ ਕਿ ਅਸੀਂ ਨਵੀਂ ਵਿਧੀ ਅਪਨਾ ਕੇ ਆਪਣੇ ਬੇਸ਼ਕੀਮਤੀ ਕੁਦਰਤੀ ਭੰਡਾਰ ਪਾਣੀ ਦੀ ਬਚਤ ਕਰੀਏ। ਉਨਾਂ ਵੱਡੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਖੇਤੀਬਾੜੀ ਯੂਨੀਵਰਸਿਟੀ ਅਤੇ ਖੇਤੀਬਾੜੀ ਵਿਭਾਗ ਵੱਲੋਂ ਸਿਫਾਰਸ਼ ਕੀਤੀਆਂ ਨਵੀਆਂ ਵਿਧੀਆਂ ਰਾਹੀਂ ਥੋੜੇ-ਥੋੜੇ ਰਕਬੇ ਉਤੇ ਝੋਨੇ ਦੀ ਸਿੱਧੀ ਬਿਜਾਈ ਜ਼ਰੂਰ ਕਰਨ। ਸ. ਔਜਲਾ ਇਸ ਮਗਰੋਂ ਕ੍ਰਿਸ਼ੀ ਵਿਗਿਆਨ ਕੇਂਦਰ ਵੀ ਗਏ ਅਤੇ ਮਾਹਿਰਾਂ ਨਾਲ ਖੇਤੀ ਖੋਜ ਬਾਰੇ ਵਿਸਥਾਰ ਵਿਚ ਜਾਣਕਾਰੀ ਪ੍ਰਾਪਤ ਕੀਤੀ।

ਕ੍ਰਿਸ਼ੀ ਵਿਗਿਆਨ ਕੇਂਦਰ ਦੇ ਡਿਪਟੀ ਡਾਇਰੈਕਟਰ ਡਾ. ਭੁਪਿੰਦਰ ਸਿੰਘ ਨੇ ਦੱਸਿਆ ਕਿ ਅੱਜ ਅਸੀਂ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਬਾਰੇ ਜਾਣਕਾਰੀ ਦੇਣ ਲਈ ਅਤੇ ਪ੍ਰੈਕਟੀਕਲ ਸਿੱਖਿਆ ਦੇਣ ਲਈ ਇਹ ਕੈਂਪ ਲਗਾਇਆ ਸੀ, ਜਿਸ ਵਿਚ 150 ਦੇ ਕਰੀਬ ਕਿਸਾਨਾਂ ਨੂੰ ਸਿੱਧੀ ਬਿਜਾਈ ਬਾਰੇ ਜਾਣਕਾਰੀ ਦਿੱਤੀ ਗਈ। ਉਨਾਂ ਕਿਹਾ ਕਿ ਡਾ. ਦਲੇਰ ਸਿੰਘ ਵਿਸ਼ੇਸ਼ ਤੌਰ ਉਤੇ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਲੁਧਿਆਣਾ ਤੋਂ ਆਏ ਅਤੇ ਉਨਾਂ ਸਿੱਧੀ ਬਿਜਾਈ ਬਾਰੇ ਕਿਸਾਨਾਂ ਨੂੰ ਵਿਸਥਾਰ ਵਿਚ ਸਮਝਾਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਗੁਰਦਿਆਲ ਸਿੰਘ ਬੱਲ, ਡਾ. ਅਵਤਾਰ ਸਿੰਘ ਬੁੱਟਰ, ਡਾ. ਸੁਖਰਾਜ ਸਿੰਘ, ਡਾ. ਅਮਰਜੀਤ ਸਿੰਘ, ਡਾ. ਸੁਖਮਿੰਦਰ ਸਿੰਘ, ਡਾ. ਰਮਿੰਦਰ ਕੌਰ, ਸ. ਪ੍ਰਦੀਪ ਸਿੰਘ, ਸਰਪੰਚ ਅਮਰੀਕ ਸਿੰਘ ਜਹਾਂਗੀਰ ਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

ਕੈਪਸ਼ਨ

ਝੋਨੇ ਦੀ ਸਿੱਧੀ ਬਿਜਾਈ ਦੀ ਸ਼ੁਰੂਆਤ ਕਰਦੇ ਲੋਕ ਸਭਾ ਮੈਂਬਰ ਸ. ਗੁਰਜੀਤ ਸਿੰਘ ਔਜਲਾ।

-ਕੇ ਵੀ ਕੇ ਵਿਖੇ ਡਾ. ਭੁਪਿੰਦਰ ਸਿੰਘ ਅਤੇ ਹੋਰ ਖੇਤੀ ਮਾਹਿਰਾਂ ਨਾਲ ਖੇਤੀ ਖੋਜ ਬਾਰੇ ਵਿਚਾਰ-ਚਰਚਾ ਕਰਦੇ ਸ. ਗੁਰਜੀਤ ਸਿੰਘ ਔਜਲਾ।

==========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਕਰਫਿਊ ਹਟਣ ਦੇ ਬਾਵਜੂਦ ਸੋਨੀ ਵੱਲੋਂ ਲੋੜਵੰਦ ਪਰਿਵਾਰਾਂ ਲਈ ਰਾਹਤ ਕੰਮ ਜਾਰੀ

2000 ਪਰਿਵਾਰਾਂ ਲਈ ਸੁੱਕੇ ਰਾਸ਼ਨ ਦੇ 6 ਟਰੱਕ ਭੇਜੇ

ਅੰਮ੍ਰਿਤਸਰ, 24 ਮਈ ( )-ਡਾਕਟਰੀ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ ਵੱਲੋਂ ਆਪਣੇ ਹਲਕੇ ਦੇ ਲੋੜਵੰਦ ਲੋਕ ਜੋ ਕਿ ਕਰਫਿਊ ਦੇ ਚੱਲਦੇ ਰੋਟੀ-ਪਾਣੀ ਤੋਂ ਔਖੇ ਸਨ, ਨੂੰ ਰਾਹਤ ਸਮਗਰੀ ਜਿਸ ਵਿਚ ਸੁੱਕਾ ਰਾਸ਼ਨ ਤੇ ਤਿਆਰ ਲੰਗਰ ਸ਼ਾਮਿਲ ਹੈ, ਭੇਜਣ ਦਾ ਸਿਲਸਿਲਾ ਕਰਫਿਊ ਹਟਣ ਦੇ ਬਾਵਜੂਦ ਲਗਾਤਾਰ ਜਾਰੀ ਹੈ। ਅੱਜ ਫਿਰ ਉਨਾਂ ਆਪਣੇ ਹਲਕੇ ਦੇ 2 ਹਜ਼ਾਰ ਪਰਿਵਾਰਾਂ ਲਈ ਸੁੱਕੇ ਰਾਸ਼ਨ ਦੇ 6 ਟਰੱਕ ਭੇਜੇ, ਜੋ ਕਿ ਵਾਰਡ ਨੰਬਰ 49,50, 59, 60, 61 ਅਤੇ 71 ਵਿਚ ਵੰਡੇ ਜਾਣਗੇ। ਇਸ ਮੌਕੇ ਰਾਸ਼ਨ ਵੰਡਣ Ñ ਲਈ ਗਈ ਟੀਮ ਨੂੰ ਹਦਾਇਤ ਕਰਦੇ ਸ੍ਰੀ ਸੋਨੀ ਨੇ ਕਿਹਾ ਕਿ ਭਾਵੇਂ ਕਿ ਕਰਫਿਊ ਹਟ ਗਿਆ ਹੈ, ਪਰ ਅਜੇ ਵੀ ਦਿਹਾੜੀਦਾਰ ਵਰਗ ਪੂਰੀ ਤਰਾਂ ਕਮਾਉਣ ਦੇ ਸਮਰੱਥ ਨਹੀਂ ਹੋਇਆ, ਕਿਉਂਕਿ ਕਈ ਕੰਮ ਅਜੇ ਵੀ ਤੁਰੇ ਨਹੀਂ, ਸੋ ਲੋੜਵੰਦ ਪਰਿਵਾਰ ਦੀ ਪਛਾਣ ਕਰਕੇ ਉਨਾਂ ਨੂੰ ਰਾਸ਼ਨ ਦਿੱਤਾ ਜਾਵੇ। ਉਨਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਅੰਮ੍ਰਿਤਸਰ ਦੇ ਦਾਨੀ ਸੱਜਣਾਂ ਵੱਲੋਂ ਲਗਾਤਾਰ ਦੋ ਮਹੀਨੇ ਤੋਂ ਇਹ ਰਾਹਤ ਦੇ ਕੰਮ ਜਾਰੀ ਹਨ, ਜੋ ਕਿ ਬਹੁਤ ਵੱਡਾ ਕਾਰਜ ਹੈ। ਉਨਾਂ ਕਿਹਾ ਕਿ ਅਜਿਹੇ ਸੰਕਟ ਮੌਕੇ ਬੰਦਾ ਹੀ ਬੰਦੇ ਦਾ ਦਾਰੂ ਹੈ, ਵਾਲੀ ਕਹਾਵਤ ਸੱਚ ਸਾਬਤ ਹੁੰਦੀ ਹੈ। ਅੱਜ ਸਾਨੂੰ ਸਾਰਿਆਂ ਨੂੰ ਆਪਣੇ ਕਾਰੋਬਾਰ ਦੇ ਨਾਲ-ਨਾਲ ਆਪਣੇ ਗੁਆਂਢ ਰਹਿੰਦੇ ਪਰਿਵਾਰਾਂ, ਕਾਰੋਬਾਰ ਉਤੇ ਕੰਮ ਕਰਦੇ ਕਰਮਚਾਰੀਆਂ ਤੇ ਹੋਰ ਲੋਕਾਂ ਦਾ ਦਰਦ ਪਛਾਣਨ ਅਤੇ ਉਨਾਂ ਦੀ ਮਦਦ ਕਰਨ ਦੀ ਲੋੜ ਹੈ।

ਸ੍ਰੀ ਸੋਨੀ ਨੇ ਰਾਹਤ ਕੰਮਾਂ ਵਿਚ ਜੁਟੀਆਂ ਗੈਰ ਸਰਕਾਰੀ ਸੰਸਥਾਵਾਂ ਦਾ ਧੰਨਵਾਦ ਕਰਦੇ ਕਿਹਾ ਕਿ ਤੁਹਾਡੀ ਬਦੌਲਤ ਹੀ ਲੱਖਾਂ ਲੋਕਾਂ ਨੂੰ ਰੋਟੀ ਨਸੀਬ ਹੋ ਰਹੀ ਹੈ। ਇਸ ਮੌਕੇ ਉਨਾਂ ਨਾਲ ਸ੍ਰੀ ਵਿਕਾਸ ਸੋਨੀ, ਸ੍ਰੀ ਰਾਘਵ ਸੋਨੀ, ਸ੍ਰੀ ਸੁਨੀਲ ਕੁਮਾਰ ਪੌਂਟੀ, ਸ੍ਰੀ ਮਹੇਸ਼ ਖੰਨਾ, ਸ੍ਰੀਮਤੀ ਰਾਜਬੀਰ ਕੌਰ, ਸ੍ਰੀ ਅਰੁਨ ਕੁਮਾਰ ਪੱਪਲ, ਸ੍ਰੀ ਗੁਰਦੇਵ ਦਾਰਾ, ਸ੍ਰੀ ਲਖਵਿੰਦਰ ਸਿੰਘ, ਸ੍ਰੀ ਦਵਾਰਕਾ ਦਾਸ ਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

ਕੈਪਸ਼ਨ

ਅੰਮ੍ਰਿਤਸਰ ਕੇਂਦਰੀ ਹਲਕੇ ਦੇ 2000 ਪਰਿਵਾਰਾਂ ਲਈ ਸੁੱਕੇ ਰਾਸ਼ਨ ਦੇ 6 ਟਰੱਕ ਭੇਜਦੇ ਸ੍ਰੀ ਓ ਪੀ ਸੋਨੀ।

===========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਅੰਮ੍ਰਿਤਸਰ ਵਿਖੇ ਇੱਕ ਹੋਰ ਡੇਂਗੂ ਟੈਸਟਿੰਗ ਲੈਬ ਦੀ ਸਥਾਪਨਾ ਦੀ ਮਿਲੀ ਪ੍ਰਵਾਨਗੀ

ਅਨਜਾਲਾ ਦੇ ਸਰਕਾਰੀ ਹਸਪਤਾਲ ਵਿਚ ਬਣੇਗੀ ਨਵੀਂ ਲੈਬ

ਅੰਮ੍ਰਿਤਸਰ, 24 ਮਈ ( )-ਭਾਰਤ ਸਰਕਾਰ ਨੇ ਅੰਮ੍ਰਿਤਸਰ ਦੇ ਐਸ ਡੀ ਐਚ ਅਜਨਾਲਾ ਵਿਖੇ ਡੇਂਗੂ ਟੈਸਟਿੰਗ ਲੈਬਾਰਟਰੀ ਸਥਾਪਤ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ ਕਿਉਂਕਿ ਅਜਨਾਲਾ ਵਿੱਚ ਸਾਲ 2019 'ਚ ਡੇਂਗੂ ਦੇ ਮਾਮਲਿਆਂ ਵਿੱਚ ਵਾਧਾ ਦਰਜ ਕੀਤਾ ਗਿਆ ਸੀ। ਪੰਜਾਬ ਸਰਕਾਰ ਵੱਲੋਂ ਪਿਛਲੇ ਵਰੇ ਐਸਡੀਐਚ ਅਜਨਾਲਾ ਵਿਖੇ ਇੱਕ ਨਵੀਂ ਟੈਸਟਿੰਗ ਲੈਬਾਰਟਰੀ ਦੀ ਸਥਾਪਨਾ ਲਈ ਭਾਰਤ ਸਰਕਾਰ ਨੂੰ ਪ੍ਰਸਤਾਵ ਸੌਂਪਿਆ ਗਿਆ ਸੀ।

ਸਿਹਤ ਵਿਭਾਗ ਦੇ ਬੁਲਾਰੇ ਨੇ ਦੱਸਿਆ ਕਿ ਅਜਨਾਲਾ ਅਤੇ ਆਸ ਪਾਸ ਦੇ ਇਲਾਕਿਆਂ ਵਿਚ ਰਹਿਣ ਵਾਲੇ ਲੋਕਾਂ ਲਈ ਇਹ ਲੈਬਾਰਟਰੀ ਮਦਦਗਾਰ ਸਾਬਤ ਹੋਵੇਗੀ ਜਿਨਾਂ ਨੂੰ ਡੇਂਗੂ ਦੇ ਟੈਸਟ ਲਈ ਨਿੱਜੀ ਲੈਬਾਰਟਰੀਆਂ ਜਾਂ ਅੰਮ੍ਰਿਤਸਰ ਨਹੀਂ ਜਾਣਾ ਪਏਗਾ। ਹੁਣ ਇਹ ਟੈਸਟ ਸਥਾਨਕ ਪੱਧਰ 'ਤੇ ਕੀਤਾ ਜਾਵੇਗਾ। ਉਨਾਂ ਕਿਹਾ ਕਿ ਡੇਂਗੂ ਦੀ ਟੈਸਟਿੰਗ ਲਈ ਸੂਬੇ ਵਿੱਚ ਪਹਿਲਾਂ ਹੀ 34 ਪ੍ਰਵਾਨਿਤ ਲੈਬਾਰਟਰੀਆਂ ਹਨ ਅਤੇ ਇਹ ਸੂਬੇ ਦੇ ਸਰਕਾਰੀ ਹਸਪਤਾਲਾਂ ਵਿੱਚ 35 ਵੀਂ ਲੈਬਾਰਟਰੀ ਹੋਵੇਗੀ। ਇਸ ਸੀਜ਼ਨ ਦੌਰਾਨ ਐਸਡੀਐਚ ਅਜਨਾਲਾ ਵਿਖੇ ਡੇਂਗੂ ਅਤੇ ਚਿਕਨਗੁਨੀਆ ਦੇ ਟੈਸਟ ਮੁਫਤ ਕੀਤੇ ਜਾਣਗੇ। ਹਸਪਤਾਲ ਨੂੰ ਆਉਣ ਵਾਲੇ ਦਿਨਾਂ ਵਿੱਚ ਟੈਸਟਿੰਗ ਕਿੱਟਾਂ ਮੁਹੱਈਆ ਕਰਵਾਈਆਂ ਜਾਣਗੀਆਂ ਅਤੇ ਲੈਬਾਰਟਰੀ ਜੂਨ, 2020 ਤੋਂ ਕਾਰਜਸ਼ੀਲ ਹੋ ਜਾਵੇਗੀ।

ਇਸੇ ਦੌਰਾਨ ਸਿਵਲ ਸਰਜਨ ਡਾ. ਜੁਗਲ ਕਿਸ਼ੋਰ ਨੇ ਦੱਸਿਆ ਕਿ ਵਿਭਾਗ ਇਸ ਵੇਲੇ ਕੋਵਿਡ-19 ਦੇ ਟਾਕਰੇ ਲਈ ਅਣਥੱਕ ਯਤਨ ਕਰ ਰਿਹਾ ਹੈ ਅਤੇ ਇਸ ਦੇ ਨਾਲ ਹੀ ਡੇਂਗੂ, ਮਲੇਰੀਆ ਅਤੇ ਹੋਰ ਵੈਕਟਰ ਬੋਰਨ ਡਿਸੀਜਿਜ਼ ਦੀ ਟੈਸਟਿੰਗ ਅਤੇ ਪ੍ਰਬੰਧਨ ਲਈ ਤਿਆਰੀਆਂ ਵੀ ਸ਼ੁਰੂ ਕਰ ਦਿੱਤੀਆਂ ਗਈਆਂ ਹਨ।

ਉਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਡੇਂਗੂ ਦਾ ਮੱਛਰ ਸਿਰਫ ਸਾਫ ਪਾਣੀ ਵਿੱਚ ਹੀ ਪ੍ਰਜਨਨ ਕਰਦਾ ਹੈ ਅਤੇ ਦਿਨ ਵੇਲੇ ਹੀ ਕੱਟਦਾ ਹੈ। ਸਾਰੇ ਲੋਕ ਇਹ ਯਕੀਨੀ ਬਣਾਉਣ ਕਿ ਕੂਲਰਾਂ, ਫੁੱਲਾਂ ਦੇ ਗਮਲਿਆਂ, ਫਰਿੱਜ਼ਾਂ ਪਿੱਛੇ ਗੰਦੇ ਪਾਣੀ ਦੀਆਂ ਟਰੇਆਂ ਆਦਿ ਨੂੰ ਹਰ ਹਫ਼ਤੇ ਢੁੱਕਵੇਂ ਤਰੀਕੇ ਨਾਲ ਖਾਲੀ ਅਤੇ ਸਾਫ਼ ਕੀਤਾ ਜਾਵੇ। ਸਿਹਤ ਵਿਭਾਗ ਨੇ ਪਹਿਲਾਂ ਹੀ ਸੁੱਕਰਵਾਰ ਨੂੰ "ਡਰਾਈ ਡੇਅ" ਘੋਸ਼ਿਤ ਕਰ ਦਿੱਤਾ ਹੈ ਤਾਂ ਜੋ ਸਾਰੇ ਘਰਾਂ ਵਿੱਚ ਹਫ਼ਤੇ 'ਚ ਇੱਕ ਵਾਰ ਰੋਕਥਾਮ ਗਤੀਵਿਧੀਆਂ ਕੀਤੀਆਂ ਜਾ ਸਕਣ।

=========